# ਤ੍ਵਪ੍ਰਸਾਦਿ ਸ੍ਵਯੇ

ੴ ਸਤਿਗੁਰ ਪ੍ਰਸਾਦਿ ॥
ਪਾਤਿਸਾਹੀ ੧੦ ॥
ਤ੍ਵਪ੍ਰਸਾਦਿ ਸ੍ਵਯੇ ॥

ਸ੍ਰਾਵਗ ਸੁੱਧ ਸਮੂਹ ਸਿਧਾਨ ਕੇ ਦੇਖਿ ਫਿਰਿਓ ਘਰ ਜੋਗ ਜਤੀ ਕੇ ॥ ਸੂਰ ਸੁਰਾਰਦਨ ਸੁੱਧ ਸੁਧਾਦਿਕ ਸੰਤ ਸਮੂਹ ਅਨੇਕ ਮਤੀ ਕੇ ॥ ਸਾਰੇ ਹੀ ਦੇਸ ਕੋ ਦੇਖਿ ਰਹਿਓ ਮਤ ਕੋਊ ਨ ਦੇਖੀਅਤ ਪ੍ਰਾਨਪਤੀ ਕੇ ॥ ਸ੍ਰੀ ਭਗਵਾਨ ਕੀ ਭਾਇ ਕ੍ਰਿਪਾ

ਹੂ ਤੇ ਏਕ ਰਤੀ ਬਿਨੁ ਏਕ ਰਤੀ ਕੇ॥ ੧॥ ੨੧॥ ਮਾਤੇ ਮਤੰਗ ਜਰੇ ਜਰ ਸੰਗ ਅਨੂਪ ਉਤੰਗ ਸੁਰੰਗ ਸਵਾਰੇ॥ ਕੋਟ ਤੁਰੰਗ ਕੁਰੰਗ ਸੇ ਕੂਦਤ ਪਉਨ ਕੇ ਗਉਨ ਕਉ ਜਾਤ ਨਿਵਾਰੇ॥ ਭਾਰੀ ਭੁਜਾਨ ਕੇ ਭੂਪ ਭਲੀ ਬਿਧਿ ਨਿਆਵਤ ਸੀਸ ਨ ਜਾਤ ਬਿਚਾਰੇ॥ ਏਤੇ ਭਏ ਤੋ ਕਹਾ ਭਏ ਭੂਪਤਿ ਅੰਤ ਕੌ ਨਾਂਗੇ ਹੀ ਪਾਇ ਪਧਾਰੇ॥ ੨॥ ੨੨॥ ਜੀਤ ਫਿਰੈ ਸਭ ਦੇਸ ਦਿਸਾਨ ਕੋ ਬਾਜਤ ਢੋਲ ਮ੍ਰਿਦੰਗ ਨਗਾਰੇ॥ ਗੁੰਜਤ ਗੂੜ ਗਜਾਨ ਕੇ ਸੁੰਦਰ ਹਿੰਸਤ ਹੀ ਹਯਰਾਜ ਹਜਾਰੇ॥ ਭੂਤ ਭਵਿੱਖ ਭਵਾਨ ਕੇ ਭੂਪਤਿ ਕਉਨੁ ਗਨੈ ਨਹੀ ਜਾਤਿ ਬਿਚਾਰੇ॥ ਸ੍ਰੀ ਪਤਿ ਸ੍ਰੀ ਭਗਵਾਨ ਭਜੇ ਬਿਨੁ ਅੰਤ ਕਉ ਅੰਤਕੇ ਧਾਮ ਸਿਧਾਰੇ॥ ੩॥ ੨੩॥ ਤੀਰਥ ਨਾਨ ਦਇਆ ਦਮ ਦਾਨ ਸੁ ਸੰਜਮ ਨੇਮ ਅਨੇਕ ਬਿਸੇਖੈ॥ ਬੇਦ ਪੁਰਾਨ ਕਤੇਬ ਕੁਰਾਨ ਜਿਮੀਨ ਜਮਾਨ ਸਬਾਨ ਕੇ ਪੇਖੈ॥ ਪਉਨ ਅਹਾਰ ਜਤੀ ਜਤ ਧਾਰ ਸਭੈ

ਸੁ ਬਿਚਾਰ ਹਜਾਰਕ ਦੇਖੈ॥ ਸ੍ਰੀ ਭਗਵਾਨ ਭਜੇ ਬਿਨੁ ਭੂਪਤਿ ਏਕ ਰਤੀ ਬਿਨੁ ਏਕ ਨ ਲੇਖੈ॥ ੪॥ ੨੪॥ ਸੁੱਧ ਸਿਪਾਹ ਦੁਰੰਤ ਦੁਬਾਹ ਸੁ ਸਾਜਿ ਸਨਾਹ ਦੁਰਜਾਨ ਦਲੈਂਗੇ॥ ਭਾਰੀ ਗੁਮਾਨ ਭਰੇ ਮਨ ਮੈ ਕਰ ਪਰਬਤ ਪੰਖ ਹਲੇ ਨ ਹਲੈਂਗੇ॥ ਤੋਰਿ ਅਰੀਨ ਮਰੋਰਿ ਮਵਾਸਨ ਮਾਤੇ ਮਤੰਗਨ ਮਾਨ ਮਲੈਂਗੇ॥ ਸ੍ਰੀ ਪਤਿ ਸ੍ਰੀ ਭਗਵਾਨ ਕ੍ਰਿਪਾ ਬਿਨੁ ਤਿਆਗ ਜਹਾਨੁ ਨਿਦਾਨ ਚਲੈਂਗੇ॥ ੫॥ ੨੫॥ ਬੀਰ ਅਪਾਰ ਬਡੇ ਬਰਿਆਰ ਅਬਿਚਾਰਹਿ ਸਾਰ ਕੀ ਧਾਰ ਭਛੱਯਾ॥ ਤੋਰਤ ਦੇਸ ਮਲਿੰਦ ਮਵਾਸਨ ਮਾਤੇ ਗਜਾਨ ਕੇ ਮਾਨ ਮਲੱਯਾ॥ ਗਾੜੇ ਗੜਾਨ ਕੇ ਤੋੜਨਹਾਰ ਸੁ ਬਾਤਨ ਹੀ ਚਕ ਚਾਰ ਲਵੱਯਾ॥ ਸਾਹਿਬ ਸ੍ਰੀ ਸਭ ਕੋ ਸਿਰਨਾਇਕ ਜਾਚਿਕ ਅਨੇਕ ਸੁ ਏਕ ਦਿਵੱਯਾ॥ ੬॥ ੨੬॥ ਦਾਨਵ ਦੇਵ ਫਨਿੰਦ ਨਿਸਾਚਰ ਭੂਤ ਭਵਿੱਖ ਭਵਾਨ ਜਪੈਂਗੇ॥ ਜੀਵ ਜਿਤੇ ਜਲ ਮੈ ਥਲ ਮੈ

ਪਲ ਹੀ ਪਲ ਮੈ ਸਭ ਥਾਪ ਥਪੈਂਗੇ॥ ਪੁੰਨ ਪ੍ਰਤਾਪਨ ਬਾਢ ਜੈਤ ਧੁਨ ਪਾਪਨ ਕੇ
ਬਹੁ ਪੁੰਜ ਖਪੈਂਗੇ॥ ਸਾਧ ਸਮੂਹ ਪ੍ਰਸੰਨ ਫਿਰੈ ਜਗ ਸੱਤ੍ਰ ਸਭੈ ਅਵਲੋਕ ਚਪੈਂਗੇ॥
੭॥ ੨੭॥ ਮਾਨਵ ਇੰਦ੍ਰ ਗਜਿੰਦ੍ਰ ਨਰਾਧਪ ਜੌਨ ਤ੍ਰਿਲੋਕ ਕੋ ਰਾਜ ਕਰੈਂਗੇ॥
ਕੋਟਿ ਇਸਨਾਨ ਗਜਾਦਿਕ ਦਾਨ ਅਨੇਕ ਸੁਅੰਬਰ ਸਾਜ ਬਰੈਂਗੇ॥ ਬ੍ਰਹਮ
ਮਹੇਸਰ ਬਿਸਨ ਸਚੀਪਤਿ ਅੰਤ ਫਸੇ ਜਮ ਫਾਸ ਪਰੈਂਗੇ॥ ਜੇ ਨਰ ਸ੍ਰੀ ਪਤਿ ਕੇ
ਪ੍ਰਸ ਹੈਂ ਪਗ ਤੇ ਨਰ ਫੇਰ ਨ ਦੇਹ ਧਰੈਂਗੇ॥ ੮॥ ੨੮॥ ਕਹਾ ਭਯੋ ਜੋ ਦੋਊ ਲੋਚਨ
ਮੂੰਦ ਕੈ ਬੈਠਿ ਰਹਿਓ ਬਕ ਧਿਆਨ ਲਗਾਇਓ॥ ਨ੍ਹਾਤ ਫਿਰਿਓ ਲੀਏ ਸਾਤ
ਸਮੁੰਦ੍ਰਨ ਲੋਕ ਗਇਓ ਪਰਲੋਕ ਗਵਾਇਓ॥ ਬਾਸੁ ਕੀਓ ਬਿਖਿਆਨ ਸੋ ਬੈਠ ਕੈ
ਐਸੇ ਹੀ ਐਸੇ ਸੁ ਬੈਸ ਬਿਤਾਇਓ॥ ਸਾਚੁ ਕਹੌਂ ਸੁਨ ਲੇਹੁ ਸਭੈ ਜਿਨ ਪ੍ਰੇਮੁ ਕੀਓ
ਤਿਨ ਹੀ ਪ੍ਰਭੁ ਪਾਇਓ॥ ੯॥ ੨੯॥ ਕਾਹੂ ਲੈ ਪਾਹਨ ਪੂਜ ਧਰਯੋ ਸਿਰ ਕਾਹੂ ਲੈ

ਲਿੰਗੁ ਗਰੇ ਲਟਕਾਇਓ॥ ਕਾਹੂ ਲਖਿਓ ਹਰਿ ਅਵਾਚੀ ਦਿਸਾ ਮਹਿ ਕਾਹੂ ਪਛਾਹ ਕੋ ਸੀਸ ਨਿਵਾਇਓ॥ ਕੋਊ ਬੁਤਾਨ ਕੋ ਪੂਜਤ ਹੈ ਪਸੁ ਕੋਊ ਮ੍ਰਿਤਾਨ ਕੋ ਪੂਜਨ ਧਾਇਓ॥ ਕੂਰ ਕ੍ਰਿਆ ਉਰਝਿਓ ਸਭ ਹੀ ਜਗ ਸ੍ਰੀ ਭਗਵਾਨ ਕੋ ਭੇਦੁ ਨ ਪਾਇਓ॥ ੧੦॥ ੩੦॥ (ਦਸਮ ੧੩–੧੫)